**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ**

**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ**

**ਫੋਨ ਨੰਬਰ: 0172-2212221**

---

ਵੱਲ

ਸਮੂਹ ਜ਼ਿਲਾ ਸਿੱਖਿਆ ਅਫ਼ਸਰ (ਸੈ.ਸਿ.)
ਸਮੂਹ ਸਕੂਲ ਮੁਖੀ (ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ)
ਪੰਜਾਬ।
ਮੀਮੋ ਨੰ: SCERT/SCI/202279509
ਮਿਤੀ: 31-03-2022

**ਵਿਸ਼ਾ:- ਸਰਕਾਰੀ ਮਿਡਲ , ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਿਤੀ 05.04.2022 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਪੰਜਾਬ ਦੇ ਸਮੂਹ ਸਰਕਾਰੀ ਪ੍ਰਾਇਮਰੀ , ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਨਾਨ-ਬੋਰਡ ਜਮਾਤਾਂ ਲਈ ਮਿਤੀ 05.04.2022 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ। ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਹੇਠ ਲਿਖੇ ਏਜੰਡੇ ਅਨੁਸਾਰ ਮਾਪਿਆਂ ਨਾਲ ਵਿਚਾਰ ਵਿਟਾਂਦਰਾ ਕੀਤਾ ਜਾਵੇ:-

2.1 ਨਾਨ-ਬੋਰਡ ਜਮਾਤਾਂ ਵਿੱਚ ਪੜਦ੍ਹੇ ਵਿਦਿਆਰਥੀਆਂ ਦੀ ਮਾਰਚ ਮਹੀਨੇ ਦੀ ਪ੍ਰੀਖਿਆਵਾਂ ਦਾ ਵਿਸ਼ਾਵਾਰ ਮੁਲਾਂਕਣ ਕਰਕੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਸਬੰਧੀ ਮਾਪਿਆਂ ਨੂੰ ਜਾਣੂ ਕਰਵਾਇਆ ਜਾਵੇ।

2.2 ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਦਾਖਲ ਕਰਵਾਉਣ ਅਤੇ ਵਿਦਿਆਰਥੀਆਂ ਦੇ ਰੋਜਾਨਾ ਸਕੂਲ ਹਾਜਰ ਹੋਣ ਦਾ ਮਹੱਤਵ ਸਮਝਾਇਆ ਜਾਵੇ।

2.3 ਬੱਚਿਆਂ ਦੁਆਰਾ ਆਪਣੇ ਪਾਠਕ੍ਰਮ ਵਿੱਚ ਦਿਲਚਸਪੀ ਨਾਲ ਕੀਤੀ ਸ਼ਮੂਲੀਅਤ ਲਈ ਉਹਨਾਂ ਦੀ ਸ਼ਲਾਘਾ ਕੀਤੀ ਜਾਵੇ।

3.0 ਮਾਪੇ-ਅਧਿਆਪਕ ਮਿਲਣੀ ਨੂੰ ਸਫ਼ਲ ਬਣਾਉਣ ਲਈ ਹੇਠ ਲਿਖੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ:-

3.1 ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ,ਅਧਿਆਪਕ, ਮੀਡੀਆ ਟੀਮ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਅਨਾਉਂਸਮੈਂਟ ਕਰਵਾਕੇ , ਪੋਸਟਰ ਜਾਰੀ ਕਰਕੇ , ਫ਼ੋਨ ਕਰਕੇ ਅਤੇ ਆਡੀਓ/ਲਿਖਤ ਮੈਸੇਜ ਕਰਕੇ ਸਾਰੇ ਮਾਪਿਆਂ ਅਤੇ ਕਮਿਊਨਿਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂ ਕਰਵਾਉਣਗੇ।

3.2 ਮਿਲਣੀ ਤੋਂ ਪਹਿਲਾਂ ਸਕੂਲ ਮੁਖੀਆਂ ਵੱਲੋਂ ਸਟਾਫ਼ ਨਾਲ ਮੀਟਿੰਗ ਕੀਤੀ ਜਾਵੇ ਅਤੇ ਮਿਲਣੀ ਸਬੰਧੀ ਅਹਿਮ ਮੁੱਦਿਆਂ 'ਤੇ ਗੱਲਬਾਤ ਕੀਤੀ ਜਾਵੇ ਜਿਵੇਂ ਕਿ:-

- ਵੱਧ ਵੱਧ ਤੋਂ ਮਾਪਿਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣਾ।
- ਮਾਪੇ-ਅਧਿਆਪਕ ਮਿਲਣੀ ਨੂੰ ਯੋਜਨਾਬੱਧ ਤਰੀਕੇ ਨਾਲ ਨੇਪਰੇ ਚਾੜ੍ਹਣ ਲਈ ਜਮਾਤ ਵਾਈਜ ਸਮਾਂ-ਸਾਰਣੀ ਬਣਾਉਣਾ।
- ਮਾਪਿਆਂ ਅਤੇ ਹੋਰ ਕਮਿਊਨਿਟੀ ਮੈਂਬਰਾਂ ਦੇ ਬੈਠਣ ਦਾ ਢੁੱਕਵਾਂ ਇੰਤਜਾਮ ਕੀਤਾ ਜਾਵੇ।

**4.0** ਮੀਡੀਆ ਟੀਮ ਵੱਲੋਂ ਮਾਪੇ-ਅਧਿਆਪਕ ਮਿਲਣੀ ਦੀ ਵੀਡਿਓਜ਼/ਫੋਟੋਆਂ ਸੋਸ਼ਲ ਮੀਡਿਆ ਰਾਹੀਂ ਆਮ ਲੋਕਾਂ ਨਾਲ ਸਾਝੀਆਂ ਕੀਤੀਆਂ ਜਾਣ।

**5.0** ਸਕੂਲ ਮੁੱਖੀ ਇਸ ਮਾਪੇ ਅਧਿਆਪਕ ਮਿਲਣੀ ਵਿੱਚ ਆਪ ਵੀ ਭਾਗ ਲੈਂਦੇ ਹੋਏ , ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ਇਕੱਤਰ ਡਾਟੇ ਨੂੰ ਗੂਗਲ ਫਾਰਮ ਰਾਹੀਂ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।

**6.0** ਮਾਪੇ-ਅਧਿਆਪਕ ਮਿਲਣੀ ਦੌਰਾਨ ਇੱਕ ਸੁਝਾਅ ਬਾਕਸ ਰੱਖਿਆ ਜਾਵੇ ਅਤੇ ਬੱਚਿਆਂ ਅਤੇ ਮਾਪਿਆਂ ਨੂੰ ਇਸ ਸੁਝਾਅ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਜਾਵੇ।

**ਜਰਨੈਲ ਸਿੰਘ, ਡਾਇਰੈਕਟਰ**
**ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ,**
**ਪੰਜਾਬ।**

ਮਿਤੀ - 31-03-2022

ਪਿੱਠ ਅੰਕਣ ਨੰ: ਉਕਤ—

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਸੈ. ਸਿੱ.), ਪੰਜਾਬ।
4. ਡੀ.ਪੀ.ਆਈ. (ਐਲੀ. ਸਿੱ.), ਪੰਜਾਬ।

**ਜਰਨੈਲ ਸਿੰਘ, ਡਾਇਰੈਕਟਰ**
**ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ,**
**ਪੰਜਾਬ।**

Sushil Bhardwaj